**ਗਉੜੀ ਕਬੀਰ ਜੀ ॥ ਮਾਧਉ ਜਲ ਕੀ ਪਿਆਸ ਨ ਜਾਇ ॥ ਜਲ ਮਹਿ ਅਗਨਿ ਉਠੀ ਅਧਿਕਾਇ ॥੧॥ ਰਹਾਉ ॥ ਤੂੰ ਜਲਨਿਧਿ ਹਉ ਜਲ ਕਾ ਮੀਨੁ ॥ ਜਲ ਮਹਿ ਰਹਉ ਜਲਹਿ ਬਿਨੁ ਖੀਨੁ ॥੧ ॥ ਤੂੰ ਪਿੰਜਰੁ ਹਉ ਸੂਅਟਾ ਤੋਰ ॥ ਜਮੁ ਮੰਜਾਰੁ ਕਹਾ ਕਰੈ ਮੋਰ ॥੨ ॥ ਤੂੰ ਤਰਵਰੁ ਹਉ ਪੰਖੀ ਆਹਿ ॥ ਮੰਦਭਾਗੀ ਤੇਰੋ ਦਰਸਨੁ ਨਾਹਿ ॥੩॥ ਤੂੰ ਸਤਿਗੁਰੁ ਹਉ ਨਉਤਨੁ ਚੇਲਾ ॥ ਕਹਿ ਕਬੀਰ ਮਿਲੁ ਅੰਤ ਕੀ ਬੇਲਾ ॥੪॥੨॥ {ਪੰਨਾ 323-324}**

ਪਦਅਰਥ:- ਮਾਧਉ—ਹੇ ਮਾਧਵ! ਹੇ ਮਾਇਆ ਦੇ ਪਤੀ ਪ੍ਰਭੂ! {ਮਾ—ਮਾਇਆ; ਧਵ—ਪਤੀ}। ਪਿਆਸ—ਤ੍ਰੇਹ। ਨ ਜਾਇ—ਮੁੱਕਦੀ ਨਹੀਂ। ਜਲ ਮਹਿ—ਨਾਮ-ਰੂਪ ਪਾਣੀ ਵਿਚ; ਨਾਮ-ਰੂਪ ਪਾਣੀ ਪੀਂਦਿਆਂ ਪੀਂਦਿਆਂ, ਨਾਮ ਜਪਦਿਆਂ ਜਪਦਿਆਂ। ਅਗਨਿ—ਤਾਂਘ-ਰੂਪ ਅੱਗ। ਉਠੀ—ਪੈਦਾ ਹੋ ਗਈ ਹੈ। ਅਧਿਕਾਇ—ਵਧੀਕ।1। ਰਹਾਉ।

ਜਲ ਨਿਧਿ—ਸਮੁੰਦਰ {ਨਿਧਿ—ਖ਼ਜ਼ਾਨਾ}। ਮੀਨੁ—ਮੱਛ। ਰਹਉ—ਰਹਉਂ, ਮੈਂ ਰਹਿੰਦਾ ਹਾਂ। ਜਲਹਿ ਬਿਨੁ—ਜਲ ਤੋਂ ਬਿਨਾ। ਖੀਨੁ—ਕਮਜ਼ੋਰ, ਮੁਰਦਾ।1।

ਪਿੰਜਰੁ—ਪਿੰਜਰਾ। ਹਉ—ਮੈਂ। ਸੂਅਟਾ—ਕਮਜ਼ੋਰ ਜਿਹਾ ਤੋਤਾ {ਸੂਅ—ਸ਼ੁਕ, ਤੋਤਾ। ਪਿਛੇਤਰ—'ਟਾ' ਛੋਟਾ-ਪਣ ਜ਼ਾਹਰ ਕਰਨ ਵਾਸਤੇ ਹੈ, ਜਿਵੇਂ 'ਚਮਰੇਟਾ' ਦਾ ਭਾਵ ਹੈ ਗ਼ਰੀਬ ਚਮਾਰ}। ਤੋਰ—ਤੇਰਾ। ਮੰਜਾਰੁ—ਬਿੱਲਾ। ਕਹਾ ਕਰੈ—ਕੀਹ ਕਰ ਸਕਦਾ ਹੈ? ਕੀਹ ਵਿਗਾੜ ਸਕਦਾ ਹੈ? ਮੋਰ—ਮੇਰਾ।2।

ਤਰਵਰੁ—ਸੋਹਣਾ ਰੁੱਖ {ਤਰ—ਰੁੱਖ। ਵਰ—ਸੋਹਣਾ, ਸ੍ਰੇਸ਼ਟ}। ਆਹਿ—ਹਾਂ। ਮੰਦ ਭਾਗੀ—ਮੰਦੇ ਭਾਗਾਂ ਵਾਲੇ ਨੂੰ। ਨਾਹਿ—ਨਹੀਂ।3।

ਨਉਤਨੁ—ਨਵਾਂ। ਚੇਲਾ—ਸਿੱਖ। ਕਹਿ—ਕਹੈ, ਆਖਦਾ ਹੈ। ਅੰਤ ਕੀ ਬੇਲਾ—ਅਖ਼ੀਰ ਦੇ ਵੇਲੇ (ਭਾਵ, ਇਸ ਮਨੁੱਖਾ ਜਨਮ ਵਿਚ ਜੋ ਕਈ ਜੂਨਾਂ ਵਿਚ ਭਟਕ ਕੇ ਅਖ਼ੀਰ ਵਿਚ ਮਿਲਿਆ ਹੈ)।4।2।

ਅਰਥ:- ਹੇ ਮਾਇਆ ਦੇ ਪਤੀ ਪ੍ਰਭੂ! ਤੇਰੇ ਨਾਮ-ਅੰਮ੍ਰਿਤ ਦੀ ਤ੍ਰੇਹ ਮਿਟਦੀ ਨਹੀਂ (ਭਾਵ, ਤੇਰਾ ਨਾਮ ਜਪ ਜਪ ਕੇ ਮੈਂ ਰੱਜਦਾ ਨਹੀਂ ਹਾਂ), ਤੇਰਾ ਨਾਮ-ਅੰਮ੍ਰਿਤ ਪੀਂਦਿਆਂ ਪੀਂਦਿਆਂ ਵਧੀਕ ਤਾਂਘ ਪੈਦਾ ਹੋ ਰਹੀ ਹੈ।1। ਰਹਾਉ।

ਹੇ ਪ੍ਰਭੂ! ਤੂੰ ਜਲ ਦਾ ਖ਼ਜ਼ਾਨਾ (ਸਮੁੰਦਰ) ਹੈਂ, ਤੇ ਮੈਂ ਉਸ ਜਲ ਦਾ ਮੱਛ ਹਾਂ। ਜਲ ਵਿਚ ਹੀ ਮੈਂ ਜੀਊਂਦਾ ਰਹਿ ਸਕਦਾ ਹਾਂ; ਜਲ ਤੋਂ ਬਿਨਾ ਮੈਂ ਮਰ ਜਾਂਦਾ ਹਾਂ।1।

ਤੂੰ ਮੇਰਾ ਪਿੰਜਰਾ ਹੈਂ, ਮੈਂ ਤੇਰਾ ਕਮਜ਼ੋਰ ਜਿਹਾ ਤੋਤਾ ਹਾਂ, (ਤੇਰੇ ਆਸਰੇ ਰਿਹਾਂ) ਜਮ-ਰੂਪ ਬਿੱਲਾ ਮੇਰਾ ਕੀਹ ਵਿਗਾੜ ਸਕਦਾ ਹੈ?।2।

ਹੇ ਪ੍ਰਭੂ! ਤੂੰ ਸੋਹਣਾ ਰੁੱਖ ਹੈਂ ਤੇ ਮੈਂ (ਉਸ ਰੁੱਖ ਦੇ ਆਸਰੇ ਰਹਿਣ ਵਾਲਾ) ਪੰਛੀ ਹਾਂ। (ਮੈਨੂੰ) ਮੰਦ-ਭਾਗੀ ਨੂੰ (ਅਜੇ ਤਕ) ਤੇਰਾ ਦਰਸ਼ਨ ਨਸੀਬ ਨਹੀਂ ਹੋਇਆ।3।

ਹੇ ਪ੍ਰਭੂ! ਤੂੰ (ਮੇਰਾ) ਗੁਰੂ ਹੈਂ, ਮੈਂ ਤੇਰਾ ਨਵਾਂ ਸਿੱਖ ਹਾਂ (ਭਾਵ, ਤੇਰੇ ਨਾਲ ਉਸੇ ਤਰ੍ਹਾਂ ਪਿਆਰ ਹੈ ਜਿਵੇਂ ਨਵਾਂ ਨਵਾਂ ਸਿੱਖ ਆਪਣੇ ਗੁਰੂ ਨਾਲ ਕਰਦਾ ਹੈ)। ਕਬੀਰ ਆਖਦਾ ਹੈ—ਹੁਣ ਤਾਂ (ਮਨੁੱਖਾ-ਜਨਮ) ਅਖ਼ੀਰ ਦਾ ਵੇਲਾ ਹੈ, ਮੈਨੂੰ ਜ਼ਰੂਰ ਮਿਲ।4।2।

ਸ਼ਬਦ ਦਾ ਭਾਵ:- ਮਨੁੱਖ ਜਿਉਂ ਜਿਉਂ ਨਾਮ ਜਪਦਾ ਹੈ, ਤਿਉਂ ਤਿਉਂ ਉਸ ਨੂੰ ਨਾਮ ਦਾ ਵਧੀਕ ਰਸ ਆਉਂਦਾ ਹੈ, ਤੇ ਉਹ ਪ੍ਰਭੂ ਨੂੰ ਆਪਣੀ ਓਟ ਆਸਰਾ ਸਮਝਦਾ ਹੈ। ਪ੍ਰਭੂ ਭੀ ਉਸ ਦੇ ਸਿਰ ਤੇ ਹੱਥ ਰੱਖਦਾ ਹੈ, ਤੇ ਉਸ ਨੂੰ ਪਰਤੱਖ ਦੀਦਾਰ ਦੇਂਦਾ ਹੈ।2।